Tape/CD: 1323-1326

# ਪੰਨਾ ੩੯੨-੩੯੩

ਆਸਾ ਮਹਲਾ ੫ ॥ ਸਗਲ ਸੂਖ ਜਪਿ ਏਕੈ ਨਾਮ ॥ ਸਗਲ ਧਰਮ ਹਰਿ ਕੇ ਗੁਣ ਗਾਮ ॥ ਮਹਾ ਪਵਿਤ੍ਰ ਸਾਧ ਕਾ ਸੰਗੁ ॥ ਜਿਸੁ ਭੇਟਤ ਲਾਗੈ ਪ੍ਰਭ ਰੰਗੁ ॥ ੧ ॥ ਗੁਰ ਪ੍ਰਸਾਦਿ ਓਇ ਆਨੰਦ ਪਾਵੈ ॥ ਜਿਸੁ ਸਿਮਰਤ ਮਨਿ ਹੋਇ ਪ੍ਰਗਾਸਾ ਤਾ ਕੀ ਗਤਿ ਮਿਤਿ ਕਹਨੁ ਨ ਜਾਵੈ ॥ ੧ ॥ ਰਹਾਉ ॥ ਵਰਤ ਨੇਮ ਮਜਨ ਤਿਸੁ ਪੂਜਾ ॥ ਬੇਦ ਪੁਰਾਨ ਤਿਨਿ ਸਿੰਮ੍ਰਿਤਿ ਸੁਨੀਜਾ ॥ ਮਹਾ ਪੁਨੀਤ ਜਾ ਕਾ ਨਿਰਮਲ ਥਾਨੁ ॥ ਸਾਧਸੰਗਤਿ ਜਾ ਕੈ ਹਰਿ ਹਰਿ ਨਾਮੁ ॥ ੨ ॥ ਪ੍ਰਗਟਿਓ ਸੋ ਜਨੁ ਸਗਲੇ ਭਵਨ ॥ ਪਤਿਤ ਪੁਨੀਤ ਤਾ ਕੀ ਪਗ ਰੇਨ ॥ ਜਾ ਕਉ ਭੇਟਿਓ ਹਰਿ ਹਰਿ ਰਾਇ ॥ ਤਾ ਕੀ ਗਤਿ ਮਿਤਿ ਕਥਨੁ ਨ ਜਾਇ ॥ ੩ ॥ ਆਠ ਪਹਰ ਕਰ ਜੋੜਿ ਧਿਆਵਉ ॥ ਉਨ ਸਾਧਾ ਕਾ ਦਰਸਨੁ ਪਾਵਉ ॥ ਮੋਹਿ ਗਰੀਬ ਕਉ ਲੇਹੁ ਰਲਾਇ ॥ ਨਾਨਕ ਆਇ ਪਏ ਸਰਣਾਇ ॥ ੪ ॥ ੩੮ ॥ ੮੯ ॥

Tape/CD: 1326

# ਪੰਨਾ ੪੯੩-੪੯੪

ਗੂਜਰੀ ਮਹਲਾ ੪ ॥ ਗੁਰਮੁਖਿ ਸਖੀ ਸਹੇਲੀ ਮੇਰੀ ਮੋ ਕਉ ਦੇਵਹੁ ਦਾਨੁ ਹਰਿ ਪ੍ਰਾਨ ਜੀਵਾਇਆ ॥ ਹਮ ਹੋਵਹ ਲਾਲੇ ਗੋਲੇ ਗੁਰਸਿਖਾ ਕੇ ਜਿਨ੍ਾ ਅਨਦਿਨੁ ਹਰਿ ਪ੍ਰਭੁ ਪੁਰਖੁ ਧਿਆਇਆ ॥ ੧ ॥ ਮੇਰੈ ਮਨਿ ਤਨਿ ਬਿਰਹੁ ਗੁਰਸਿਖ ਪਗ ਲਾਇਆ ॥ ਮੇਰੇ ਪ੍ਰਾਨ ਸਖਾ ਗੁਰ ਕੇ ਸਿਖ ਭਾਈ ਮੋ ਕਉ ਕਰਹੁ ਉਪਦੇਸੁ ਹਰਿ ਮਿਲੈ ਮਿਲਾਇਆ ॥ ੧ ॥ ਰਹਾਉ ॥ ਜਾ ਹਰਿ ਪ੍ਰਭ ਭਾਵੈ ਤਾ ਗੁਰਮੁਖਿ ਮੇਲੇ ਜਿਨ੍ ਵਚਨ ਗੁਰੂ ਸਤਿਗੁਰ ਮਨਿ ਭਾਇਆ ॥ ਵਡਭਾਗੀ ਗੁਰ ਕੇ ਸਿਖ ਪਿਆਰੇ ਹਰਿ ਨਿਰਬਾਣੀ ਨਿਰਬਾਣ ਪਦੁ ਪਾਇਆ ॥ ੨ ॥ ਸਤਸੰਗਤਿ ਗੁਰ ਕੀ ਹਰਿ ਪਿਆਰੀ ਜਿਨ ਹਰਿ ਹਰਿ ਨਾਮੁ ਮੀਠਾ ਮਨਿ ਭਾਇਆ ॥ ਜਿਨ ਸਤਿਗੁਰ ਸੰਗਤਿ ਸੰਗੁ ਨ ਪਾਇਆ ਸੇ ਭਾਗਹੀਣ ਪਾਪੀ ਜਮਿ ਖਾਇਆ ॥ ੩ ॥ ਆਪਿ ਕ੍ਰਿਪਾਲੁ ਕ੍ਰਿਪਾ ਪ੍ਰਭੁ ਧਾਰੇ ਹਰਿ ਆਪੇ ਗੁਰਮੁਖਿ ਮਿਲੈ ਮਿਲਾਇਆ ॥ ਜਨੁ ਨਾਨਕੁ ਬੋਲੇ ਗੁਣ ਬਾਣੀ ਗੁਰਬਾਣੀ ਹਰਿ ਨਾਮਿ ਸਮਾਇਆ ॥ ੪ ॥ ੫ ॥

Tape/CD: 1326

# ਪੰਨਾ ੫੩੭

ਰਾਗੁ ਬਿਹਾਗੜਾ ਚਉਪਦੇ ਮਹਲਾ ੫ ਘਰੁ ੨ ॥
ਦੂਤਨ ਸੰਗਰੀਆ ॥ ਭੁਇਅੰਗਨਿ ਬਸਰੀਆ ॥ ਅਨਿਕ
ਉਪਰੀਆ ॥ ੧ ॥ ਤਉ ਮੈ ਹਰਿ ਹਰਿ ਕਰੀਆ ॥ ਤਉ ਸੁਖ
ਸਹਜਰੀਆ ॥ ੧ ॥ ਰਹਾਉ ॥ ਮਿਥਨ ਮੋਹਰੀਆ ॥ ਅਨ
ਕਉ ਮੇਰੀਆ ॥ ਵਿਚਿ ਘੂਮਨ ਘਿਰੀਆ ॥ ੨ ॥ ਸਗਲ
ਬਟਰੀਆ ॥ ਬਿਰਖ ਇਕ ਤਰੀਆ ॥ ਬਹੁ ਬੰਧਹਿ ਪਰੀਆ
॥ ੩ ॥ ਥਿਰੁ ਸਾਧ ਸਫਰੀਆ ॥ ਜਹ ਕੀਰਤਨੁ ਹਰੀਆ ॥
ਨਾਨਕ ਸਰਨਰੀਆ ॥ ੪ ॥ ੧ ॥

Tape/CD: 1326

# ਪੰਨਾ ੧੨੦੯

ਸਾਰਗ ਮਹਲਾ ੫ ॥ ਹਰਿ ਜਨ ਰਾਮ ਰਾਮ ਰਾਮ ਧਿਆਂਏ ॥
ਏਕ ਪਲਕ ਸੁਖ ਸਾਧ ਸਮਾਗਮ ਕੋਟਿ ਬੈਕੁੰਠਹ ਪਾਂਏ ॥ ੧ ॥
ਰਹਾਉ ॥ ਦੁਲਭ ਦੇਹ ਜਪਿ ਹੋਤ ਪੁਨੀਤਾ ਜਮ ਕੀ ਤ੍ਰਾਸ
ਨਿਵਾਰੈ ॥ ਮਹਾ ਪਤਿਤ ਕੇ ਪਾਤਿਕ ਉਤਰਹਿ ਹਰਿ ਨਾਮਾ
ਉਰਿ ਧਾਰੈ ॥ ੧ ॥ ਜੋ ਜੋ ਸੁਨੈ ਰਾਮ ਜਸੁ ਨਿਰਮਲ ਤਾ ਕਾ
ਜਨਮ ਮਰਣ ਦੁਖੁ ਨਾਸਾ ॥ ਕਹੁ ਨਾਨਕ ਪਾਈਐ ਵਡਭਾਗੀਂ
ਮਨ ਤਨ ਹੋਇ ਬਿਗਾਸਾ ॥ ੨ ॥ ੪ ॥ ੨੩ ॥